ਕਾਨੜਾ ਮਹਲਾ ੫ ॥ ਹਰਿ ਕੇ ਚਰਨ ਹਿਰਦੈ ਗਾਇ ॥ ਸੀਤਲਾ ਸੁਖ ਸਾਂਤਿ ਮੂਰਤਿ ਸਿਮਰਿ ਸਿਮਰਿ ਨਿਤ ਧਿਆਇ ॥੧॥ ਰਹਾਉ ॥ ਸਗਲ ਆਸ ਹੋਤ ਪੂਰਨ ਕੋਟਿ ਜਨਮ ਦੁਖੁ ਜਾਇ ॥੧॥ ਪੁੰਨ ਦਾਨ ਅਨੇਕ ਕਿਰਿਆ ਸਾਧੂ ਸੰਗਿ ਸਮਾਇ ॥ ਤਾਪ ਸੰਤਾਪ ਮਿਟੇ ਨਾਨਕ ਬਾਹੁੜਿ ਕਾਲੁ ਨ ਖਾਇ ॥੨॥੧੧॥ {ਪੰਨਾ 1300}

ਪਦ ਅਰਥ:- ਹਿਰਦੈ—ਹਿਰਦੇ ਵਿਚ। ਗਾਇ—ਗਾਇਆ ਕਰ, ਸਿਫ਼ਤਿ-ਸਾਲਾਹ ਕਰਿਆ ਕਰ। ਸੀਤਲਾ ਮੂਰਤਿ—ਉਸ ਪ੍ਰਭੂ ਨੂੰ ਜਿਸ ਦਾ ਸਰੂਪ ਠੰਢਾ-ਠਾਰ ਹੈ। ਸੁਖ ਮੂਰਤਿ—ਸੁਖ-ਸਰੂਪ ਪ੍ਰਭੂ। ਸਾਂਤਿ ਮੂਰਤਿ—ਸ਼ਾਂਤੀ-ਸਰੂਪ ਪ੍ਰਭੂ ਨੂੰ। ਧਿਆਇ—ਧਿਆਇਆ ਕਰ।1। ਰਹਾਉ।

ਸਗਲ—ਸਾਰੀ। ਕੋਟਿ ਜਨਮ ਦੁਖੁ—ਕ੍ਰੋੜਾਂ ਜਨਮਾਂ ਦਾ ਦੁਖ।

ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਸਮਾਇ—ਲੀਨ ਹੋਇਆ ਰਹੁ। ਕਾਲੁ—ਮੌਤ, ਆਤਮਕ ਮੌਤ।2।

ਅਰਥ:- ਹੇ ਭਾਈ! ਪਰਮਾਤਮਾ ਦੇ ਚਰਨ ਹਿਰਦੇ ਵਿਚ (ਟਿਕਾ ਕੇ; ਉਸ ਦੇ ਗੁਣ) ਗਾਇਆ ਕਰ। ਉਸ ਪ੍ਰਭੂ ਦਾ ਸਦਾ ਧਿਆਨ ਧਰਿਆ ਕਰ, ਉਸ ਪ੍ਰਭੂ ਦਾ ਸਦਾ ਸਿਮਰਨ ਕਰਿਆ ਕਰ ਜੋ ਠੰਢ-ਸਰੂਪ ਹੈ ਜੋ ਸੁਖ-ਸਰੂਪ ਹੈ ਜੋ ਸ਼ਾਂਤੀ-ਸਰੂਪ ਹੈ।1। ਰਹਾਉ।

ਹੇ ਭਾਈ! (ਸਿਮਰਨ ਦੀ ਬਰਕਤਿ ਨਾਲ ਮਨੁੱਖ ਦੀ) ਸਾਰੀ ਆਸ ਪੂਰੀ ਹੋ ਜਾਂਦੀ ਹੈ, ਕ੍ਰੋੜਾਂ ਜਨਮਾਂ ਦਾ ਦੁੱਖ ਦੂਰ ਹੋ ਜਾਂਦਾ ਹੈ।2।

ਹੇ ਨਾਨਕ! (ਆਖ—ਹੇ ਭਾਈ!) ਗੁਰੂ ਦੀ ਸੰਗਤਿ ਵਿਚ ਟਿਕਿਆ ਰਹੁ—ਇਹੀ ਹੈ ਅਨੇਕਾਂ ਪੁੰਨ ਦਾਨ ਆਦਿਕ ਕਰਮ। (ਸੰਗਤਿ ਦੀ ਬਰਕਤਿ ਨਾਲ ਸਾਰੇ) ਦੁੱਖ ਕਲੇਸ਼ ਮਿਟ ਜਾਂਦੇ ਹਨ, ਆਤਮਕ ਮੌਤ (ਆਤਮਕ ਜੀਵਨ ਨੂੰ) ਫਿਰ ਨਹੀਂ ਖਾ ਸਕਦੀ।2।11।